# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :12-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਅੱਜ ਸਵਾਮੀ ਵਿਵੇਕਾਨੰਦ ਦੀ ਜਨਮ ਵਰ੍ਹੇਗੰਢ ਮੌਕੇ, ਪੰਜਾਬ ਸਮੇਤ ਪੂਰੇ ਦੇਸ਼ ਵਿਚ ਰਾਸ਼ਟਰੀ ਯੁਵਾ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ, ਉਪਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਸੁਆਮੀ ਵਿਵੇਕਾਨੰਦ ਨੂੰ ਸ਼ਰਧਾਂਜਲੀ ਦਿੱਤੀ ਏ.

- ਪੰਜਾਬ ਸਰਕਾਰ ਨੇ ਬਰਤਾਨੀਆ ਸਰਕਾਰ ਤੋਂ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ ਅਤੇ ਸ਼ਹੀਦ ਰਾਜਗੁਰੂ ਦੀ ਮੁਕੱਦਮੇ ਦੀ ਕਾਰਵਾਈ ਨਾਲ ਸਬੰਧਤ ਦਸਤਾਵੇਜ਼ਾਂ ਤੱਕ ਪਹੁੰਚ ਦੀ ਮੰਗ ਕੀਤੀ ਏ.

- ਪੰਜਾਬ ਪੁਲਿਸ ਨੇ ਵਲਟੋਹਾ ਦੇ ਸਰਪੰਚ ਦੀ ਹਤਿਆ ਦੇ ਦੋ ਮੁੱਖ ਕਾਤਲਾਂ ਨੂੰ ਛੱਤੀਸਗੜ੍ਹ ਤੋਂ ਗ੍ਰਿਫ਼ਤਾਰ ਕਰ ਲਿਆ ਏ. ਮਾਮਲੇ 'ਚ ਪੰਜ ਹੋਰ ਮੁਲਜ਼ਮਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ.

- ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ, ਸ਼ੀਲ ਨਾਗੂ ਵੱਲੋਂ ਵਕੀਲਾਂ ਦੇ ਚੈਂਬਰ ਦਾ ਵਰਚੁਅਲੀ ਨੀਂਹ ਪੱਥਰ ਰੱਖਿਆ ਗਿਆ।

- 40 ਮੁਕਤਿਆਂ, ਮਾਈ ਭਾਗੋ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਵਿੱਚ, ਮੁਕਤਸਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲਾ ਆਰੰਭ ਹੋ ਗਿਆ ਏ.

## *ਹੁਣ ਖਬਰਾਂ ਵਿਸਥਾਰ ਨਾਲ*

ਅੱਜ ਰਾਸ਼ਟਰੀ ਯੁਵਾ ਦਿਵਸ ਏ । ਇਹ ਦਿਨ ਸਵਾਮੀ ਵਿਵੇਕਾਨੰਦ ਦੀ ਜਨਮ ਵਰ੍ਹੇਗੰਢ ਦੀ ਯਾਦ ਵਿੱਚ ਮਨਾਇਆ ਜਾਂਦਾ ਏ । 1893 ਵਿੱਚ, ਅਮਰੀਕਾ ਦੇ ਸ਼ਿਕਾਗੋ ਵਿੱਚ ਵਿਸ਼ਵ ਧਰਮ ਮਹਾਸਭਾ ਵਿੱਚ, ਸਵਾਮੀ ਵਿਵੇਕਾਨੰਦ ਨੇ ਧਾਰਮਿਕ ਸਦਭਾਵਨਾ, ਮਨੁੱਖਤਾ ਦੀ ਸੇਵਾ ਅਤੇ ਆਤਮਵਿਸ਼ਵਾਸ ਦਾ ਸੰਦੇਸ਼ ਦਿੱਤਾ

byte

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਵਾਮੀ ਵਿਵੇਕਾਨੰਦ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਂਟ ਕੀਤੀ। ਰਾਸ਼ਟਰਪਤੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਇੱਕ ਸਦੀਵੀ, ਦੂਰਅੰਦੇਸ਼ ਸ਼ਖਸੀਅਤ ਅਤੇ ਅਧਿਆਤਮਿਕ ਵਿਅਕਤੀ ਸਨ। ਉਪ-ਰਾਸ਼ਟਰਪਤੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਦਾ ਜੀਵਨ ਅਤੇ ਸਿੱਖਿਆਵਾਂ ਅੰਦਰੂਨੀ ਤਾਕਤ, ਸਵੈ-ਅਨੁਸ਼ਾਸਨ ਅਤੇ ਨਿਰਸਵਾਰਥ ਸੇਵਾ ਨੂੰ ਇੱਕ ਅਰਥਪੂਰਨ ਜੀਵਨ ਦੇ ਥੰਮ੍ਹਾਂ ਵਜੋਂ ਦੱਸਦੀਆਂ ਨੇ. ਪ੍ਰਧਾਨ ਮੰਤਰੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਭਾਰਤ ਦੇ ਨੌਜਵਾਨਾਂ ਲਈ ਪ੍ਰੇਰਨਾ ਦਾ ਇੱਕ ਸ਼ਕਤੀਸ਼ਾਲੀ ਸਰੋਤ ਨੇ.

-----------------------------------------------------

ਰਾਸ਼ਟਰੀ ਯੁਵਾ ਦਿਵਸ 2026 ਦੇ ਮੌਕੇ 'ਤੇ, ਸਿੱਖਿਆ ਵਿਭਾਗ ਦੇ ਚੰਡੀਗੜ੍ਹ NSS ਸੈੱਲ ਨੇ PGI ਦੇ ਸਹਿਯੋਗ ਨਾਲ, ਅੱਜ ਚੰਡੀਗੜ੍ਹ ਸਕੱਤਰੇਤ ਵਿਖੇ ਇੱਕ ਖ਼ੂਨਦਾਨ ਕੈਂਪ ਲਗਾਇਆ। ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਅਤੇ ਕਾਲਜਾਂ ਦੇ ਲਗਭਗ 200 NSS ਵਲੰਟੀਅਰਾਂ ਨੇ, ਦਫਤਰੀ ਅਮਲੇ ਅਤੇ ਹੋਰ ਦਾਨੀਆਂ ਦੇ ਨਾਲ, ਕੈਂਪ ਵਿੱਚ ਹਿੱਸਾ ਲਿਆ ਅਤੇ ਸਮੂਹਿਕ ਤੌਰ 'ਤੇ ਖ਼ੂਨਦਾਨ ਕੀਤਾ।

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸਮੇਤ ਰਾਮਾਕ੍ਰਿਸ਼ਨ ਮਿਸ਼ਨ ਆਸ਼ਰਮ ਵੱਲੋਂ ਵੀ ਰਾਸ਼ਟਰੀ ਯੁਵਾ ਦਿਵਸ ਮਨਾਇਆ ਗਿਆ।

-----------------------------------------------------------

ਪੰਜਾਬ ਸਰਕਾਰ ਨੇ ਬਰਤਾਨੀਆ ਸਰਕਾਰ ਤੋਂ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ ਥਾਪਰ ਅਤੇ ਸ਼ਹੀਦ ਸ਼ਿਵਰਾਮ ਹਰੀ ਰਾਜਗੁਰੂ ਦੀ ਮੁਕੱਦਮੇ ਦੀ ਕਾਰਵਾਈ ਨਾਲ ਸਬੰਧਤ ਦਸਤਾਵੇਜ਼ਾਂ ਤੱਕ ਪਹੁੰਚ ਦੀ ਮੰਗ ਕੀਤੀ ਏ ਕਿਉਂਕਿ ਇਹ ਰਿਕਾਰਡ, ਲੋਕਾਂ ਦੇ ਨਾਲ-ਨਾਲ ਇਤਿਹਾਸ ਅਤੇ ਮਨੁੱਖੀ ਅਧਿਕਾਰਾਂ ਦੇ ਵਿਸ਼ਵ ਵਿਦਵਾਨਾਂ ਲਈ ਡੂੰਘਾ ਇਤਿਹਾਸਕ ਅਤੇ ਭਾਵਨਾਤਮਕ ਮਹੱਤਵ ਰੱਖਦੇ ਨੇ. ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਚੰਡੀਗੜ੍ਹ ਵਿੱਚ ਬਰਤਾਨਵੀ ਡਿਪਟੀ ਹਾਈ ਕਮਿਸ਼ਨਰ, ਸ਼੍ਰੀਮਤੀ ਐਲਬਾ ਸਮੈਰੀ-ਗਲੀਓ ਨੂੰ ਲਿਖੇ ਇੱਕ ਪੱਤਰ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ "ਸ਼ਹੀਦ ਭਗਤ ਸਿੰਘ ਵਿਰਾਸਤੀ ਕੰਪਲੈਕਸ" ਵਿਖੇ ਅਕਾਦਮਿਕ ਅਧਿਐਨ, ਡਿਜੀਟਲ ਸੰਭਾਲ ਅਤੇ ਜਨਤਕ ਨੁਮਾਇਸ਼ ਲਈ ਇਸ ਪੁਰਾਸਾਰੀ ਸਮੱਗਰੀ ਦੀ ਮੰਗ ਕੀਤੀ ਏ। ਉਨ੍ਹਾਂ ਪੱਤਰ ਵਿੱਚ ਕਿਹਾ ਏ ਕਿ ਇਹ ਪਤਾ ਲੱਗਾ ਏ ਕਿ ਤਿੰਨਾਂ ਦੀ ਮੁਕੱਦਮੇ ਦੀ ਕਾਰਵਾਈ ਨਾਲ ਸਬੰਧਤ ਅਸਲ ਆਡੀਓ/ਵੀਡੀਓ ਰਿਕਾਰਡਿੰਗਾਂ ਅਤੇ ਪੁਰਾਸਾਰੀ

ਦਸਤਾਵੇਜ਼ ਇਸ ਸਮੇਂ ਸਕਾਟਲੈਂਡ ਦੇ ਸਬੰਧਤ ਅਧਿਕਾਰੀਆਂ ਕੋਲ ਨੇ, ਜੋ ਕਥਿਤ ਤੌਰ 'ਤੇ ਉਸ ਸਮੇਂ ਦੀ ਇਤਿਹਾਸਕ ਕਾਨੂੰਨੀ ਪੁਰਾਸਾਰੀ ਸਮਗਰੀ ਦੀ ਸੰਭਾਲ ਕਰਣ ਵਾਲੇ ਇੱਕ ਅਜਾਇਬ ਘਰ/ਸੰਸਥਾ ਵਿੱਚ ਸੁਰੱਖਿਅਤ ਨੇ. ਓਹਨਾਂ ਡਿਪਟੀ ਹਾਈ ਕਮਿਸ਼ਨਰ ਨੂੰ ਬੇਨਤੀ ਕੀਤੀ ਏ ਕਿ ਉਹ ਸਕਾਟਲੈਂਡ ਦੇ ਸਬੰਧਤ ਅਧਿਕਾਰੀਆਂ ਕੋਲ ਇਹ ਮਾਮਲਾ ਉਠਾਉਣ ਤਾਂ ਜੋ ਇਸ  ਇਤਿਹਾਸਕ ਸਮੱਗਰੀ ਦੀ ਸੰਭਾਲ ਅਤੇ ਵਿਖਾਲੇ ਲਈ ਕਾਪੀਆਂ ਪ੍ਰਾਪਤ ਕਰਨ ਦੀ ਸਹੂਲਤ ਦਿੱਤੀ ਜਾ ਸਕੇ।

---------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਵਿੱਚ ਲੋਕ ਮਿਲਣੀ ਰਾਹੀਂ ਵੱਖ—ਵੱਖ ਵਿਧਾਨ ਸਭਾ ਹਲਕਿਆਂ ਦੇ ਲੋਕਾਂ ਨਾਲ ਸਿਧਿਆਂ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਨੂੰ ਸੁਣਿਆ। ਅਜਿਹੀ ਸਿੱਧੀ ਗੱਲਬਾਤ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਸ਼ਾਸਨ ਦਾ ਧੁਰਾ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮੁਫ਼ਤ ਬਿਜਲੀ ਅਤੇ ਵੱਡੇ ਪੱਧਰ ਉੱਤੇ ਰੋਜ਼ਗਾਰ ਤੋਂ ਲੈ ਕੇ ਸਿਹਤ ਸੰਭਾਲ ਅਤੇ ਸਿੱਖਿਆ ਸੁਧਾਰਾਂ ਤੱਕ, ਨਿਰੰਤਰ ਲੋਕ—ਪੱਖੀ ਪਹਿਲਕਦਮੀਆਂ ਆਮ ਪਰਿਵਾਰਾਂ ਉੱਤੇ ਬੋਝ ਨੂੰ ਲਗਾਤਾਰ ਘਟਾ ਰਹੀਆਂ ਨੇ ਅਤੇ ਪੰਜਾਬ ਨੂੰ ਦੇਸ਼ ਵਿੱਚ ਮੋਹਰੀ ਸੂਬੇ ਵਜੋਂ ਆਪਣੀ ਥਾਂ ਮੁੜ ਹਾਸਲ ਕਰਨ ਦੇ ਰਾਹ ਉੱਪਰ ਮਜ਼ਬੂਤੀ ਨਾਲ ਅੱਗੇ ਵਧਾ ਰਹੀਆਂ ਨੇ.

--------------------------------------------------

ਪੰਜਾਬ ਪੁਲਿਸ ਨੇ ਵਲਟੋਹਾ ਦੇ ਸਰਪੰਚ ਜਰਮਲ ਸਿੰਘ ਦੀ ਹਤਿਆ ਦੇ ਦੋ ਮੁੱਖ ਕਾਤਲਾਂ ਨੂੰ ਗ੍ਰਿਫ਼ਤਾਰ ਕਰ ਲਿਆ ਏ. ਸਰਪੰਚ ਦੀ ਹੱਤਿਆ 4 ਜਨਵਰੀ ਨੂੰ ਅੰਮ੍ਰਿਤਸਰ ਵਿੱਚ ਇੱਕ ਵਿਆਹ ਸਮਾਗਮ ਵਿੱਚ ਕੀਤੀ ਗਈ ਸੀ। ਇਸ ਬਾਰੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਦੋਵਾਂ ਨੂੰ ਛੱਤੀਸਗੜ੍ਹ ਦੇ ਰਾਏਪੁਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ ਤੇ ਅਗਲੇਰੀ ਜਾਂਚ ਲਈ ਅੰਮ੍ਰਿਤਸਰ ਲਿਆਂਦਾ ਗਿਆ ਏ। ਉਨ੍ਹਾਂ ਕਿਹਾ ਕਿ ਪੰਜ ਹੋਰ ਮੁਲਜ਼ਮਾਂ ਨੂੰ ਮੋਹਾਲੀ ਤੇ ਤਰਨ ਤਾਰਨ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਇਹ ਕਾਰਵਾਈ, ਕੇਂਦਰੀ ਏਜੰਸੀਆਂ ਤੇ ਦੂਜੇ ਰਾਜਾਂ ਦੇ ਪੁਲਿਸ ਬਲਾਂ ਨਾਲ ਨਜ਼ਦੀਕੀ ਤਾਲਮੇਲ ਨਾਲ ਕੀਤੀ ਗਈ

byte

ਮੁੱਖ ਸਾਜ਼ਿਸ਼ਕਾਰਾਂ ਵਿਚੋਂ ਇਕ, ਹਰਨੂਰ ਸਿੰਘ ਉਰਫ਼ ਨੂਰ, ਹਤਿਆ ਤੋਂ ਥੋੜ੍ਹੀ ਦੇਰ ਬਾਅਦ ਤਰਨ ਤਾਰਨ ਵਿੱਚ ਇਕ ਪੁਲਿਸ ਮੁਕਾਬਲੇ ਵਿੱਚ ਮਾਰਿਆ ਗਿਆ ਸੀ।

--------------------------------------------------

ਓਧਰ ਲੁਧਿਆਣਾ ਵਿੱਚ ਪੁਲਿਸ ਅਤੇ ਗੈਂਗਸਟਰਾਂ ਵਿਚਕਾਰ ਹੋਏ ਮੁਕਾਬਲੇ 'ਚ ਰੋਹਿਤ ਗੋਦਾਰਾ ਗੈਂਗ ਦੇ ਦੋ ਮੈਂਬਰ ਮਾਰੇ ਗਏ ਨੇ . ਪੁਲਿਸ ਕਮਿਸ਼ਨਰੇਟ ਟੀਮ ਅਤੇ ਲਾਰੈਂਸ ਬਿਸ਼ਨੋਈ ਦੇ ਕਰੀਬੀ ਸਾਥੀ,

ਰੋਹਿਤ ਗੋਦਾਰਾ ਗੈਂਗ ਵਿਚਕਾਰ ਇੱਕ ਭਿਆਨਕ ਮੁਕਾਬਲਾ ਹੋਇਆ ਤੇ ਗੋਲੀਬਾਰੀ ਵਿੱਚ ਗੈਂਗ ਦੇ ਦੋ ਖਤਰਨਾਕ ਮੈਂਬਰ ਜ਼ਖਮੀ ਹੋ ਗਏ। ਹਲਕਿਆਂ ਮੁਤਾਬਿਕ, ਪੁਲਿਸ ਨੂੰ ਗੈਂਗਸਟਰਾਂ ਦੀ ਮੌਜੂਦਗੀ ਬਾਰੇ ਖੁਫੀਆ ਜਾਣਕਾਰੀ ਮਿਲੀ ਸੀ। ਜਿਵੇਂ ਹੀ ਪੁਲਿਸ ਨੇ ਉਨ੍ਹਾਂ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਤਾਂ ਗੈਂਗਸਟਰਾਂ ਨੇ ਪੁਲਿਸ ਟੀਮ 'ਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਪੁਲਿਸ ਨੇ ਜਵਾਬ ਦਿੰਦਿਆਂ ਕਈ ਰੌਂਦ ਗੋਲੀਆਂ ਚੱਲੀਆਂ। ਪੁਲਿਸ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ, ਦੋਵਾਂ ਅਪਰਾਧੀਆਂ ਨੂੰ ਕਾਬੂ ਕਰ ਲਿਆ।

-----------------------------------------------------------------------

ਇਸ ਦੌਰਾਨ ਪਟਿਆਲਾ ਪੁਲਿਸ ਵੱਲੋਂ ਵਿਸ਼ੇਸ਼ ਮੁਹਿੰਮ ਤਹਿਤ ਇੱਕ ਮੁਕਾਬਲੇ ‘ਚ ਗੋਲਡੀ ਢਿੱਲੋ GANG ਦੇ 2 ਸ਼ੂਟਰ, ਦੇਵਿੰਦਰ ਤੇ ਅਨੁਜ ਜ਼ਖਮੀ ਹੋ ਗਏ. ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ ਵਰੁਣ ਸ਼ਰਮਾ, ਨੇ ਦੱਸਿਆ ਏ ਕਿ ਦੇਵਿੰਦਰ ਤੇ ਅਨੁਜ ਦੀ ਮੌਜੂਦਗੀ ਬਾਰੇ ਮਿਲੀ ਖੁਫੀਆ ਸੂਹ ਦੇ ਅਧਾਰ ‘ਤੇ ਪੁਲਿਸ ਵਲੋਂ ਇਹਨਾਂ ਦੋਵਾਂ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਗਈ.

-----------------------------------------------------------------------

ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ ਵੱਲੋਂ ਵਕੀਲਾਂ ਦੇ ਚੈਂਬਰ ਦਾ ਵਰਚੁਅਲੀ ਨੀਂਹ ਪੱਥਰ ਰੱਖਿਆ ਗਿਆ। ਇਸ

ਮੌਕੇ, ਉਨਾਂ ਨਾਲ ਮੇਂਬਰ ਬਿਲਡਿੰਗ ਕਮੇਟੀ ਪੰਜਾਬ, ਜਸਟਿਸ ਗੁਰਵਿੰਦਰ ਸਿੰਘ ਗਿੱਲ ਅਤੇ ਪਠਾਨਕੋਟ ਡਿਵੀਜ਼ਨ ਦੇ Administrative ਜੱਜ, ਜਸਟਿਸ ਵਿਕਰਮ ਅਗਰਵਾਲ ਮੌਜੂਦ ਸਨ। ਕੋਰਟ ਕੰਪਲੈਕਸ ਵਿੱਚ ਜ਼ਿਲਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ, ਡਿਪਟੀ ਕਮਿਸ਼ਨਰ ਡਾ. ਪੱਲਵੀ, ਪਠਾਨਕੋਟ ਦੇ SSP ਦਲਜਿੰਦਰ ਸਿੰਘ ਢਿੱਲੋਂ ਸਮੇਤ ਹੋਰ ਪਤਵੰਤੇ ਸ਼ਾਮਿਲ ਹੋਏ।

---------------------------------------------------------------------

40 ਮੁਕਤਿਆਂ, ਮਾਈ ਭਾਗੋ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਵਿੱਚ, ਮੁਕਤਸਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲਾ ਆਰੰਭ ਹੋ ਗਿਆ ਏ. ਮੇਲੇ ਦੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ 14 ਜਨਵਰੀ ਨੂੰ ਭੋਗ ਪਾਏ ਜਾਣਗੇ। ਨਹਿੰਗ ਸਿੰਘ ਜਥੇਬੰਦੀਆਂ ਅਤੇ ਪੰਥ ਦਲਾਂ ਦੀ ਮੁਕਤਸਰ ਸਾਹਿਬ ਵਿਖੇ ਆਮਦ ਸ਼ੁਰੂ ਹੋ ਚੁੱਕੀ ਏ ਅਤੇ ਗੁਰੂ ਘਰਾਂ ਵਿੱਚ ਸੰਗਤਾਂ ਮੱਥਾ ਟੇਕ ਰਹੀਆਂ ਨੇ । ਇਸ ਮੌਕੇ ਪਵਿੱਤਰ ਗੁਰਬਾਣੀ ਕਥਾ ਦੇ ਦੀਵਾਨ ਸਜਾਏ ਜਾ ਰਹੇ ਨੇ. 40 ਮੁਕਤਿਆਂ ਅਤੇ ਮਾਈ ਭਾਗੋ ਦੀ ਸ਼ਹਾਦਤ ਨੂੰ ਯਾਦ ਕਰਨ ਲਈ ਸ਼ਰਧਾਲੂ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਨੇ. ਸ਼੍ਰੋਮਣੀ

ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਦੀਵਾਨਾਂ ਅਤੇ ਲੰਗਰਾਂ ਦੇ ਉਚੇਚੇ ਪ੍ਰਬੰਧ ਕੀਤੇ ਗਏ ਨੇ.

------------------------------------------------------------

- ਅੱਜ ਸਵਾਮੀ ਵਿਵੇਕਾਨੰਦ ਦੀ ਜਨਮ ਵਰ੍ਹੇਗੰਢ ਮੌਕੇ, ਪੰਜਾਬ ਸਮੇਤ ਪੂਰੇ ਦੇਸ਼ ਵਿਚ ਰਾਸ਼ਟਰੀ ਯੁਵਾ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ, ਉਪਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਸੁਆਮੀ ਵਿਵੇਕਾਨੰਦ ਨੂੰ ਸ਼ਰਧਾਂਜਲੀ ਦਿੱਤੀ ਏ.

- ਪੰਜਾਬ ਸਰਕਾਰ ਨੇ ਬਰਤਾਨੀਆ ਸਰਕਾਰ ਤੋਂ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ ਅਤੇ ਸ਼ਹੀਦ ਰਾਜਗੁਰੂ ਦੀ ਮੁਕੱਦਮੇ ਦੀ ਕਾਰਵਾਈ ਨਾਲ ਸਬੰਧਤ ਦਸਤਾਵੇਜ਼ਾਂ ਤੱਕ ਪਹੁੰਚ ਦੀ ਮੰਗ ਕੀਤੀ ਏ.

- ਪੰਜਾਬ ਪੁਲਿਸ ਨੇ ਵਲਟੋਹਾ ਦੇ ਸਰਪੰਚ ਦੀ ਹਤਿਆ ਦੇ ਦੋ ਮੁੱਖ ਕਾਤਲਾਂ ਨੂੰ ਛੱਤੀਸਗੜ੍ਹ ਤੋਂ ਗ੍ਰਿਫ਼ਤਾਰ ਕਰ ਲਿਆ ਏ. ਮਾਮਲੇ ‘ਚ ਪੰਜ ਹੋਰ ਮੁਲਜ਼ਮਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ.

- ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ, ਸ਼ੀਲ ਨਾਗੂ ਵੱਲੋਂ ਵਕੀਲਾਂ ਦੇ ਚੈਂਬਰ ਦਾ ਵਰਚੁਅਲੀ ਨੀਂਹ ਪੱਥਰ ਰੱਖਿਆ ਗਿਆ।

- 40 ਮੁਕਤਿਆਂ, ਮਾਈ ਭਾਗੋ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਵਿੱਚ, ਮੁਕਤਸਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲਾ ਆਰੰਭ ਹੋ ਗਿਆ ਏ.

------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**